# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 12-08-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ, ਯੂਕਰੇਨ-ਰੂਸ ਟਕਰਾਅ ਦੇ ਛੇਤੀ ਅਤੇ ਸ਼ਾਂਤੀਪੂਰਨ ਹੱਲ ਲਈ ਵਚਨਬੱਧ ਏ ਅਤੇ ਇਸ ਸਬੰਧ ਵਿੱਚ ਹਰ ਸੰਭਵ ਯੋਗਦਾਨ ਪਾਏਗਾ. ਯੂਕਰੇਨ ਦੇ ਰਾਸ਼ਟਰਪਤੀ ਵੋਲੋਦੀਮੀਰ ਜ਼ੇਲੇਨਸਕੀ ਨਾਲ ਟੈਲੀਫੋਨ 'ਤੇ ਗੱਲਬਾਤ ਕਰਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਨੇ ਲਗਾਤਾਰ ਇਸ ਟਕਰਾਅ ਦੇ ਛੇਤੀ ਅਤੇ ਸ਼ਾਂਤੀਪੂਰਨ ਹੱਲ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਏ .

---

ਭਾਰਤ ਨੇ ਪ੍ਰਮਾਣੂ ਧਮਕੀ 'ਤੇ ਪਾਕਿਸਤਾਨੀ ਫੌਜ ਮੁਖੀ ਅਸੀਮ ਮੁਨੀਰ ਦੀਆਂ ਟਿੱਪਣੀਆਂ ਦੀ ਸਖ਼ਤ ਨਿਖੇਧੀ ਕੀਤੀ ਏ. ਇੱਕ ਬਿਆਨ ਵਿੱਚ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਏ ਕਿ ਭਾਰਤ

ਪਹਿਲਾਂ ਹੀ ਸਪੱਸ਼ਟ ਕਰ ਚੁਕਿਆ ਏ ਕਿ ਉਹ ਕਿਸੇ ਵੀ ਪ੍ਰਮਾਣੂ ਬਲੈਕਮੇਲ ਅੱਗੇ ਨਹੀਂ ਝੁਕੇਗਾ। ਉਨ੍ਹਾਂ ਕਿਹਾ ਕਿ ਭਾਰਤ, ਆਪਣੀ ਰਾਸ਼ਟਰੀ ਸੁਰੱਖਿਆ ਦੀ ਰਾਖੀ ਲਈ ਜ਼ਰੂਰੀ ਸਾਰੇ ਕਦਮ ਚੁੱਕਦਾ ਰਹੇਗਾ.

-----------------------------------------------------------

ਪਾਕਿਸਤਾਨ ਦੀ ISI- ਦੀ ਹਮਾਇਤ ਪ੍ਰਾਪਤ ਦਹਿਸ਼ਤਗਰਦੀ ਨੈੱਟਵਰਕ, ਖਿਲਾਫ਼ ਇੱਕ ਵੱਡੀ ਕਾਮਯਾਬੀ 'ਚ ਕਾਊਂਟਰ ਇੰਟੈਲੀਜੈਂਸ, ਜਲੰਧਰ ਨੇ SBS ਨਗਰ ਪੁਲਿਸ ਨਾਲ ਇੱਕ ਸਾਂਝੀ ਕਾਰਵਾਈ ਵਿੱਚ, ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ BKI ਕਾਰਕੁੰਨ ਹਰਵਿੰਦਰ ਰਿੰਦਾ ਦੇ ਨਿਰਦੇਸ਼ਾਂ 'ਤੇ ਵਿਦੇਸ਼-ਅਧਾਰਤ ਹੈਂਡਲਰਾਂ- ਮੰਨੂ ਅਗਵਾਨ, ਗੋਪੀ ਨਵਾਸ਼ਹਿਰੀਆ ਅਤੇ ਜ਼ੀਸ਼ਾਨ ਅਖਤਰ ਵਲੋਂ ਸੰਚਾਲਿਤ ਇੱਕ BKI ਦਹਿਸ਼ਤਗਰਦੀ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ । ਰਾਜਸਥਾਨ ਦੇ ਟੋਂਕ ਅਤੇ ਜੈਪੁਰ ਜ਼ਿਲ੍ਹਿਆਂ ਤੋਂ ਪੰਜ ਕਾਰਕੁੰਨਾ ਨੂੰ ਗ੍ਰਿਫਤਾਰ ਕੀਤਾ ਗਿਆ ਅਤੇ ਹੋਰ ਯੋਜਨਾਬੱਧ ਹਮਲਿਆਂ ਨੂੰ ਸਫਲਤਾ ਨਾਲ ਨਾਕਾਮ ਕਰ ਦਿੱਤਾ ਗਿਆ ਏ । ਇਸ ਮਾਡਿਊਲ ਨੇ ਹਾਲ ਹੀ ਵਿੱਚ

SBS ਨਗਰ ਵਿੱਚ ਸ਼ਰਾਬ ਦੀ ਇੱਕ ਦੁਕਾਨ ਦੇ ਅੰਦਰ ਹਮਲਾ ਕਰਨ ਦੀ ਯੋਜਨਾ ਬਣਾਈ ਸੀ ਅਤੇ ਇਸਨੂੰ ਆਜ਼ਾਦੀ ਦਿਵਸ ਦੇ ਮੌਕੇ 'ਤੇ ਅਜਿਹੇ ਹਮਲਿਆਂ ਦੀ ਕੋਸ਼ਿਸ਼ ਕਰਨ ਦਾ ਕੰਮ ਸੌਂਪਿਆ ਗਿਆ ਸੀ।

------------------------------------------------------

ਜਿਲ੍ਹਾ ਪੇਂਡੂ ਵਿਕਾਸ ਭਵਨ ਤਰਨ ਤਾਰਨ ਵਿਖੇ ਅੱਜ "ਹਰ ਘਰ ਤਿਰੰਗਾ, ਹਰ ਘਰ ਸਵੱਛਤਾ" ਸਵਤੰਤਰਤਾ ਦਾ ਉਤਸਵ, ਸਵੱਛਤਾ ਦੇ ਨਾਲ ਦੀ ਸ਼ੁਰੂਆਤ ਹੋਈ. ਇਸ ਮੌਕੇ ਉਪ ਮੁੱਖ ਕਾਰਜਕਾਰੀ ਅਫ਼ਸਰ ਜਿਲ੍ਹਾ ਪ੍ਰੀਸ਼ਦ ਸ੍ਰੀ ਦੇਵਿੰਦਰ ਸਿੰਘ ਮੌਜੂਦ ਸਨ. ਇਸ ਮੌਕੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਡਲ 2 ਦੇ ਕਾਰਜਕਾਰੀ ਇੰਜੀਨੀਅਰ ਜਗਦੀਸ ਸਿੰਘ ਵੱਲੋਂ ਹਿੱਸਾ ਲੈਣ ਵਾਲਿਆਂ ਨੂੰ "ਹਰ ਘਰ ਤਿਰੰਗਾ, ਹਰ ਘਰ ਸਵੱਛਤਾ" ਬਾਰੇ ਜਾਣਕਾਰੀ ਦਿੱਤੀ ਗਈ। ਜਲ ਜੀਵਨ ਮਿਸ਼ਨ ਤਹਿਤ ਪਾਣੀ ਦੀ ਸਾਂਭ ਸੰਭਾਲ ਅਤੇ ਸਵੱਛ ਭਾਰਤ ਮਿਸ਼ਨ ਤਹਿਤ ਵੀ ਸਾਫ਼ -ਸਫਾਈ ਬਾਰੇ ਜਾਣੂ ਕਰਵਾਇਆ ਗਿਆ. ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਅਤੇ ਸਕੂਲਾਂ ਵਿੱਚ "ਹਰ ਘਰ ਤਿਰੰਗਾ, ਹਰ ਘਰ ਸਵੱਛਤਾ"

ਸਵਤੰਤਰਤਾ ਦਾ ਉਤਸਵ, ਸਵੱਛਤਾ ਦੇ ਨਾਲ " ਬਾਰੇ ਜਾਣਕਾਰੀ ਦਿੱਤੀ ਗਈ ਤੇ ਇਸ ਸੰਬੰਧੀ ਸਹੁੰ ਚੁਕਾਈ ਗਈ।

---------------------------------------------------

ਬੀਤੇ ਕੁਝ ਦਿਨਾਂ ਤੋਂ ਪਹਾੜੀ ਇਲਾਕਿਆਂ ਖਾਸ ਕਰ ਕੇ ਗੁਆਂਢੀ ਸੂਬੇ ਹਿਮਾਚਲ ਪ੍ਰਦੇਸ਼ ‘ਚ ਹੋ ਰਹੀ ਲਗਾਤਾਰ ਭਾਰੀ ਬਾਰਿਸ਼ ਕਾਰਣ ਪੰਜਾਬ ਦੇ ਕੁਝ ਇਲਾਕਿਆਂ ‘ਚ ਅਸਰ ਪੈ ਰਿਹਾ ਏ. ਪਠਾਨਕੋਟ ਜਲੰਧਰ ਰਾਸ਼ਟਰੀ ਸ਼ਾਹਰਾਹ 'ਤੇ ਦਮਤਾਲ ਪਹਾੜੀਆਂ ਵਿੱਚ ਜ਼ਮੀਨ ਖਿਸਕਣ ਕਰਕੇ ਪਠਾਨਕੋਟ – ਡਲਹੌਜ਼ੀ – ਚੰਬਾ ਰਾਸ਼ਟਰੀ ਸ਼ਾਹਰਾਹ ਬੰਦ ਹੋ ਗਿਆ ਏ. ਸ਼ਾਹਰਾਹ 'ਤੇ ਦਮਤਾਲ ਪਹਾੜੀਆਂ ਵਿੱਚ ਜ਼ਮੀਨ ਖਿਸਕਣ ਦੀ ਘਟਨਾ ‘ਚ ਇੱਕ ਸਕੂਲ ਬੱਸ ਅਤੇ ਮੋਟਰਸਾਈਕਲ ਦੇ ਇਸਦੀ ਲਪੇਟ ਵਿੱਚ ਆਣ ਦੀ ਖਬਰ ਏ. ਜ਼ਮੀਨ ਖਿਸਕਣ ਕਾਰਣ ਡਿੱਗੇ ਇੱਕ ਵੱਡੇ ਪੱਥਰ ਦੀ ਲਪੇਟ ਵਿੱਚ ਆਉਣ ਨਾਲ ਮੋਟਰਸਾਈਕਲ ਸਵਾਰ ਦੋ ਲੋਕ ਜ਼ਖਮੀ ਹੋ ਗਏ. ਹਾਲਾਂਕਿ ਘਟਨਾ ਵਿੱਚ ਸਕੂਲ ਬੱਸ ਨੁਕਸਾਨੀ ਗਈ ਪਰ ਬੱਚੇ ਸੁਰੱਖਿਅਤ ਨੇ. ਪਹਾੜਾਂ ‘ਚ ਭਾਰੀ ਬਾਰਿਸ਼ ਕਾਰਣ ਬਿਆਸ ਦਰਿਆ ‘ਚ ਪਾਣੀ ਦਾ ਪੱਧਰ ਵਧਣ ਕਰਕੇ ਕਪੂਰਥਲਾ ਦੇ ਕੁਝ

ਪਿੰਡ ਪ੍ਰਭਾਵਿਤ ਹੋਏ ਨੇ. ਗੁਰਦਾਸਪੁਰ ਦੇ ਦਰਿਆ ਕਿਨਾਰੇ ਵਸੇ ਪਿੰਡਾਂ ‘ਚ ਪਾਣੀ ਭਰ ਜਾਣ ਦੀ ਜਾਣਕਾਰੀ ਮਿਲੀ ਏ. ਇਸ ਦੌਰਾਨ ਸੂਬੇ 'ਚ ਵਖ - ਵਖ ਥਾਵਾਂ 'ਤੇ ਸਵੇਰ ਤੋਂ ਰੁਕ - ਰੁਕ ਕੇ ਮੀਂਹ ਪੈ ਰਿਹਾ ਏ.

---------------------------------------------------

ਜ਼ਿਲ੍ਹਾ ਫ਼ਰੀਦਕੋਟ ਦੀ ਹਦੂਦ ਅੰਦਰ ਕਿਸੇ ਵੀ ਵਿਅਕਤੀ ਵੱਲੋਂ ਆਪਣਾ ਮੂੰਹ ਢੱਕ ਕੇ ਚੱਲਣ ਸਬੰਧੀ ਪੂਰਨ ਤੌਰ ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਨੇ. ਇਹ ਹੁਕਮ ਫ਼ਰੀਦਕੋਟ  ਦੇ ਜ਼ਿਲ੍ਹਾ ਮੈਜਿਸਟਰੇਟ ਪੂਨਮਦੀਪ ਕੌਰ ਵਲੋਂ ਜਾਰੀ ਕੀਤੇ ਗਏ ਨੇ. ਉਨ੍ਹਾਂ ਦੱਸਿਆ ਏ ਕਿ ਪੰਜਾਬ ਦੇ ਮੁੱਖ ਮੰਤਰੀ ਸੁਤੰਤਰਤਾ ਦਿਵਸ ਦੇ ਰਾਜ ਪੱਧਰੀ ਸਮਾਗਮ ਵਿੱਚ ਜ਼ਿਲ੍ਹਾ ਫ਼ਰੀਦਕੋਟ ਵਿਖੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰ ਰਹੇ ਨੇ ਅਤੇ ਨਹਿਰੂ ਸਟੇਡੀਅਮ ਵਿਖੇ ਰਾਸ਼ਟਰੀ ਝੰਡਾ ਲਹਿਰਾਉਣਗੇ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਪਣਾ ਮੂੰਹ ਢੱਕ ਕੇ ਕੋਈ ਅਜਿਹੀ ਘਟਨਾ ਨੂੰ ਅੰਜ਼ਾਮ ਦੇ ਸਕਦਾ ਏ ਜਿਸ ਨਾਲ ਅਮਨ-ਕਾਨੂੰਨ ਦੀ ਸਥਿਤੀ ਵਿਗੜ ਸਕਦੀ ਏ, ਇਸ ਲਈ ਜ਼ਿਲ੍ਹਾ ਫ਼ਰੀਦਕੋਟ ਦੀ ਹਦੂਦ ਅੰਦਰ ਕਿਸੇ ਵੀ ਵਿਅਕਤੀ ਵਲੋਂ ਆਪਣੀ ਪਛਾਣ ਲੁਕਾਉਣ ਲਈ ਆਪਣਾ ਮੂੰਹ ਢੱਕ ਕੇ

ਨਾ ਚਲਣ, ਸਬੰਧੀ ਹੁਕਮ ਜਾਰੀ ਕੀਤੇ ਗਏ ਨੇ । ਇਹ ਹੁਕਮ 15 ਅਗਸਤ ਤੱਕ ਲਾਗੂ ਰਹਿਣਗੇ ।

-----------------------------------------------------

ਸ੍ਰੀ ਮੁਕਤਸਰ ਸਾਹਿਬ ਦੇ ਜ਼ਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ, ਸ੍ਰੀ ਸੁਖਜਿੰਦਰ ਸਿੰਘ ਕਾਉਣੀ ਨੇ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਜ਼ਿਲ੍ਹੇ ਦੇ ਪਿੰਡ ਬੱਲਮਗੜ੍ਹ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਮਲਟੀ ਫੰਗਸ਼ਨਲ ਸ਼ੈਡ ਲਈ ਗਰਾਂਟ ਜਾਰੀ ਕੀਤੀ. ਇਸ ਮੌਕੇ ਓਹਨਾਂ ਕਿਹਾ ਕਿ ਸਿੱਖਿਆ ਕ੍ਰਾਂਤੀ” ਤਹਿਤ ਪੰਜਾਬ ਸਰਕਾਰ, ਸਰਕਾਰੀ ਸਕੂਲਾਂ ’ਚ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਏ

-----------------------------------------------------

ਵੁਸ਼ੂ ਵਿੱਚ, ਭਾਰਤ ਦੀ ਨਮਰਤਾ ਬੱਤਰਾ ਅੱਜ ਸ਼ਾਮ ਚੀਨ ਦੇ ਚੇਂਗਦੂ ਵਿਖੇ ਹੋਣ ਵਾਲੀਆਂ ਵਿਸ਼ਵ ਖੇਡਾਂ 2025 ਵਿੱਚ ਔਰਤਾਂ ਦੇ 52 ਕਿਲੋਗ੍ਰਾਮ ਫਾਈਨਲ ਵਿੱਚ ਚੀਨ ਦੀ ਮੇਂਗਯੂ ਚੇਨ ਦਾ ਮੁਕਾਬਲਾ ਕਰੇਗੀ

। ਸੋਨੇ ਦੇ ਤਮਗੇ ਦਾ ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ ਸਾਢੇ 5 ਵਜੇ ਸ਼ੁਰੂ ਹੋਏਗਾ.